ਮਲਾਰ ਮਹਲਾ ੧ ॥ ਜਾਗਤੁ ਜਾਗਿ ਰਹੈ ਗੁਰ ਸੇਵਾ ਬਿਨੁ ਹਰਿ ਮੈ ਕੋ ਨਾਹੀ ॥ ਅਨਿਕ ਜਤਨ ਕਰਿ ਰਹਣੁ ਨ ਪਾਵੈ ਆਚੁ ਕਾਚੁ ਢਰਿ ਪਾਂਹੀ ॥੧॥ ਇਸੁ ਤਨ ਧਨ ਕਾ ਕਹਹੁ ਗਰਬੁ ਕੈਸਾ ॥ ਬਿਨਸਤ ਬਾਰ ਨ ਲਾਗੈ ਬਵਰੇ ਹਉਮੈ ਗਰਬਿ ਖਪੈ ਜਗੁ ਐਸਾ ॥ ੧॥ ਰਹਾਉ ॥ ਜੈ ਜਗਦੀਸ ਪ੍ਰਭੂ ਰਖਵਾਰੇ ਰਾਖੈ ਪਰਖੈ ਸੋਈ ॥ ਜੇਤੀ ਹੈ ਤੇਤੀ ਤੁਝ ਹੀ ਤੇ ਤੁਮ੍ ਸਰਿ ਅਵਰੁ ਨ ਕੋਈ ॥ ੨॥ ਜੀਅ ਉਪਾਇ ਜੁਗਤਿ ਵਸਿ ਕੀਨੀ ਆਪੇ ਗੁਰਮੁਖਿ ਅੰਜਨੁ ॥ ਅਮਰੁ ਅਨਾਥ ਸਰਬ ਸਿਰਿ ਮੋਰਾ ਕਾਲ ਬਿਕਾਲ ਭਰਮ ਭੈ ਖੰਜਨੁ ॥੩॥ ਕਾਗਦ ਕੋਟੁ ਇਹੁ ਜਗੁ ਹੈ ਬਪੁਰੋ ਰੰਗਨਿ ਚਿਹਨਚਤੁਰਾਈ ॥ ਨਾਨ੍ਹੀ ਸੀ ਬੂੰਦ ਪਵਨੁ ਪਤਿ ਖੋਵੈ ਜਨਮਿ ਮਰੈ ਖਿਨੁ ਤਾਈ ॥੪॥ ਨਦੀ ਉਪਕੰਠਿ ਜੈਸੇ ਘਰੁ ਤਰਵਰੁ ਸਰਪਨਿ ਘਰੁ ਘਰ ਮਾਹੀ ॥ ਉਲਟੀ ਨਦੀ ਕਹਾਂ ਘਰੁ ਤਰਵਰੁ ਸਰਪਨਿ ਡਸੈ ਦੂਜਾ ਮਨ ਮਾਂਹੀ ॥੫॥ ਗਾਰੁੜ ਗੁਰ ਗਿਆਨੁ ਧਿਆਨੁ ਗੁਰ ਬਚਨੀ ਬਿਖਿਆ ਗੁਰਮਤਿ ਜਾਰੀ ॥ ਮਨ ਤਨ ਹੇਂਵ ਭਏ ਸਚੁ ਪਾਇਆ ਹਰਿ ਕੀ ਭਗਤਿ ਨਿਰਾਰੀ ॥੬॥ ਜੇਤੀ ਹੈ ਤੇਤੀ ਤੁਧੁ ਜਾਚੈ ਤੂ ਸਰਬ ਜੀਆਂ ਦਇਆਲਾ ॥ ਤੁਮ੍ਰੀ ਸਰਣਿ ਪਰੇ ਪਤਿ ਰਾਖਹੁ ਸਾਚੁ ਮਿਲੈ ਗੋਪਾਲਾ ॥੭॥ ਬਾਧੀ ਧੰਧਿ ਅੰਧ ਨਹੀ ਸੂਝੈ ਬਧਿਕ ਕਰਮ ਕਮਾਵੈ ॥ ਸਤਿਗੁਰ ਮਿਲੈ ਤ ਸੂਝਸਿ ਬੂਝਸਿ ਸਚ ਮਨਿ ਗਿਆਨੁ ਸਮਾਵੈ ॥ ੮॥ ਨਿਰਗੁਣ ਦੇਹ ਸਾਚ ਬਿਨੁ ਕਾਚੀ ਮੈ ਪੂਛਉ ਗੁਰੁ ਅਪਨਾ ॥ ਨਾਨਕ ਸੋ ਪ੍ਰਭੁ ਪ੍ਰਭੂ ਦਿਖਾਵੈ ਬਿਨੁ ਸਾਚੇ ਜਗੁ ਸੁਪਨਾ ॥ ੯॥੨॥

{ਪੰਨਾ 1273-1274}

ਪਦ ਅਰਥ:- ਜਾਗਤੁ ਰਹੈ—ਜਾਗਦਾ ਰਹਿੰਦਾ ਹੈ, ਸੁਚੇਤ ਰਹਿੰਦਾ ਹੈ। ਜਾਗਿ—ਜਾਗ ਕੇ, ਸੁਚੇਤ ਹੋ ਕੇ। ਮੈ ਕੋ ਨਾਹੀ—ਮੇਰੀ ਕੋਈ ਪਾਂਇਆਂ ਨਹੀਂ। ਆਚੁ—ਸੇਕ। ਕਾਚੁ—ਕੱਚ। ਢਹਿ ਪਾਂਹੀ—ਢਲ ਪੈਂਦੇ ਹਨ, ਨਾਸ ਹੋ ਜਾਂਦੇ ਹਨ।1।

ਕਰਹੁ—ਦੱਸੋ। ਗਰਬੁ—ਅਹੰਕਾਰ। ਬਾਰ—ਚਿਰ। ਬਵਰੇ—ਹੇ ਕਮਲੇ ਮਨੁੱਖ! ਗਰਬਿ—ਅਹੰਕਾਰ ਵਿਚ। ਖਪੈ—ਖ਼ੁਆਰ ਹੁੰਦਾ ਹੈ।1। ਰਹਾਉ।

ਜਗਦੀਸ—ਹੇ ਜਗਤ ਦੇ ਮਾਲਕ! (ਜਗਤ-ਈਸ਼)। ਸੋਈ—ਉਹ (ਪ੍ਰਭੂ) ਹੀ। ਤੇ—ਤੋਂ। ਸਰਿ—ਬਰਾਬਰ।2।

ਉਪਾਇ—ਪੈਦਾ ਕਰ ਕੇ। ਜੁਗਤਿ—(ਜੀਵਨ ਦਾ) ਢੰਗ। ਵਸਿ—ਵੱਸ ਵਿਚ। ਅੰਜਨੁ—ਸੁਰਮਾ। ਸਿਰਿ ਮੋਰਾ—(ਮੌਲਿ—ਤਾਜ) ਸ਼ਿਰੋਮਣੀ। ਬਿਕਾਲ—ਜਨਮ। ਖੰਜਨੁ—ਨਾਸ ਕਰਨ ਵਾਲਾ।3।

ਕੋਟੁ—ਕਿਲ੍ਹਾ। ਬਪੁਰੋ—ਨਿਮਾਣਾ, ਵਿਚਾਰਾ। ਰੰਗਨਿ—ਸਜਾਵਟ, ਰੰਗਣ। ਨਾਨ੍ਹੀ ਸੀ—ਨਿੱਕੀ ਜਿਹੀ। ਪਵਨੁ—ਹਵਾ, ਹਵਾ ਦਾ ਝੋਲਾ। ਪਤਿ—ਸੋਭਾ, ਸਜਾਵਟ। ਖੋਵੈ—ਗਵਾ ਦੇਂਦਾ ਹੈ। ਖਿਨੁ ਤਾਂਈ—ਖਿਨ ਵਿਚ।4।

ਉਪਕੰਠਿ—ਕੰਢੇ ਤੇ। ਤਰਵਰੁ—ਰੁੱਖ। ਸਰਪਨਿ ਘਰੁ—ਸੱਪਣੀ ਦਾ ਘਰ। ਦੂਜਾ—ਪ੍ਰਭੂ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ। ਮਾਂਹੀ—ਵਿਚ।5।

ਗਾਰੁੜ—ਸੱਪ ਨੂੰ ਵੱਸ ਕਰਨ ਵਾਲਾ ਮੰਤ੍ਰ। ਬਿਖਿਆ—ਮਾਇਆ (ਦਾ ਜ਼ਹਰ)। ਜਾਰੀ—ਸਾੜ ਲਈ। ਹੇਂਵ—ਬਰਫ਼ (ਵਰਗੇ ਠੰਢੇ)। ਸਚੁ—ਸਦਾ-ਥਿਰ ਰਹਿਣ ਵਾਲਾ ਪ੍ਰਭੂ। ਨਿਰਾਰੀ—ਅਨੋਖੀ।6।

ਜਾਚੈ—ਮੰਗਦੀ ਹੈ। ਪਤਿ—ਇੱਜ਼ਤ। ਸਾਚੁ—ਸਦਾ-ਥਿਰ ਪ੍ਰਭੂ ਦਾ ਨਾਮ।7।

ਬਾਧੀ—ਜਕੜੀ ਹੋਈ। ਧੰਧਿ—ਧੰਧੇ ਵਿਚ। ਅੰਧ—ਅੰਨ੍ਹੀ। ਬਧਿਕ ਕਰਮ—ਸ਼ਿਕਾਰੀਆਂ ਵਾਲੇ ਕੰਮ, ਨਿਰਦਈ ਕੰਮ। ਮਨਿ—ਮਨ ਵਿਚ। ਸਚ ਗਿਆਨੁ—ਸਦਾ-ਥਿਰ ਪ੍ਰਭੂ ਦਾ ਗਿਆਨ।8।

ਨਿਰਗੁਣ ਦੇਹ—ਗੁਣ-ਹੀਨ ਸਰੀਰ। ਸੋ—ਉਹ (ਗੁਰੂ)।੧।

ਅਰਥ:- ਹੇ ਝੱਲੇ ਮਨੁੱਖ! ਦੱਸ, ਇਸ ਸਰੀਰ ਦਾ ਇਸ ਧਨ-ਦੌਲਤ ਦਾ ਕੀਹ ਮਾਣ ਕਰਨਾ ਹੋਇਆ? ਇਹਨਾਂ ਦੇ ਨਾਸ ਹੁੰਦਿਆਂ ਚਿਰ ਨਹੀਂ ਲੱਗਦਾ। ਜਗਤ ਵਿਅਰਥ ਹੀ (ਸਰੀਰ ਦੀ) ਹਉਮੈ ਵਿਚ (ਧਨ ਦੇ) ਮਾਣ ਵਿਚ ਖ਼ੁਆਰ ਹੁੰਦਾ ਹੈ।1। ਰਹਾਉ।

ਪਰਮਾਤਮਾ ਦੀ ਜੋਤਿ ਤੋਂ ਬਿਨਾ ਸਾਡੇ ਇਸ ਸਰੀਰ ਦੀ ਕੋਈ ਪਾਂਇਆਂ ਨਹੀਂ ਹੈ; (ਜਦੋਂ ਜੋਤਿ ਨਿਕਲ ਜਾਏ ਤਾਂ) ਅਨੇਕਾਂ ਜਤਨ ਕਰਨ ਨਾਲ ਭੀ ਇਹ ਸਰੀਰ ਟਿਕਿਆ ਨਹੀਂ ਰਹਿ ਸਕਦਾ। ਜਿਵੇਂ ਅੱਗ ਦਾ ਸੇਕ ਕੱਚ ਨੂੰ ਢਾਲ ਦੇਂਦਾ ਹੈ, ਤਿਵੇਂ ਇਹ ਸਰੀਰ (ਜੋਤਿ ਤੋਂ ਬਿਨਾ) ਢਹਿ ਢੇਰੀ ਹੋ ਜਾਂਦੇ ਹਨ। ਉਸੇ ਮਨੁੱਖ ਦਾ ਜੀਵਨ ਸਫਲ ਹੈ ਜੋ ਗੁਰੂ ਦੀ ਦੱਸੀ ਸੇਵਾ ਵਿਚ ਤੱਤਪਰ ਰਹਿ ਕੇ (ਮਾਇਆ ਦੇ ਹੱਲਿਆਂ ਵਲੋਂ) ਸੁਚੇਤ ਰਹਿੰਦਾ ਹੈ।1।

ਹੇ ਜਗਤ ਦੇ ਮਾਲਕ! ਹੇ ਪ੍ਰਭੂ! ਹੇ ਜੀਵਾਂ ਦੇ ਰਾਖੇ! ਤੇਰੀ (ਸਦਾ) ਜੈ ਹੋਵੇ! (ਹੇ ਝੱਲੇ ਜੀਵ! ਸਦਾ ਉਸ ਰੱਖਣਹਾਰ ਪ੍ਰਭੂ ਦਾ ਆਸਰਾ ਲੈ)। ਉਹ (ਜਗਦੀਸ਼) ਹੀ ਵਿਕਾਰਾਂ ਤੋਂ ਬਚਾਂਦਾ ਹੈ ਤੇ ਜੀਵਾਂ ਦੇ ਜੀਵਨ ਨੂੰ ਪੜਤਾਲਦਾ ਰਹਿੰਦਾ ਹੈ।

ਹੇ ਪ੍ਰਭੂ! ਜਿਤਨੀ ਭੀ ਲੁਕਾਈ ਹੈ, ਇਹ ਸਾਰੀ ਹੀ ਤੇਰੇ ਪਾਸੋਂ ਹੀ (ਦਾਤਾਂ) ਮੰਗਦੀ ਹੈ। ਤੇਰੇ ਵਰਗਾ ਹੋਰ ਕੋਈ ਨਹੀਂ ਹੈ।2।

ਪਰਮਾਤਮਾ ਸਦਾ ਅਟੱਲ ਹੈ, ਉਸ ਦੇ ਉੱਪਰ ਹੋਰ ਕੋਈ ਖਸਮ ਨਹੀਂ, ਉਹ ਸਭ ਦਾ ਸ਼ਿਰੋਮਣੀ ਹੈ, ਜੀਵਾਂ ਦੇ ਜਨਮ ਮਰਨ ਦੇ ਗੇੜ, ਭਟਕਣਾ ਤੇ ਡਰ-ਸਹਿਮ ਨਾਸ ਕਰਨ ਵਾਲਾ ਹੈ। ਸਾਰੇ ਜੀਵ ਪੈਦਾ ਕਰ ਕੇ ਜੀਵਾਂ ਦੀ ਜੀਵਨ-ਜੁਗਤਿ ਉਸ ਨੇ ਆਪਣੇ ਵੱਸ ਵਿਚ ਰੱਖੀ ਹੋਈ ਹੈ, (ਸਹੀ ਆਤਮਕ ਜੀਵਨ ਦੀ ਸੂਝ ਵਾਸਤੇ) ਉਹ ਆਪ ਹੀ ਗੁਰੂ ਦੀ ਰਾਹੀਂ (ਗਿਆਨ ਦਾ) ਸੁਰਮਾ ਦੇਂਦਾ ਹੈ।3।

ਇਹ ਜਗਤ ਵਿਚਾਰਾ (ਮਾਨੋ) ਕਾਗ਼ਜ਼ਾਂ ਦਾ ਕਿਲ੍ਹਾ ਹੈ ਜਿਸ ਨੂੰ (ਪ੍ਰਭੂ ਨੇ ਆਪਣੀ) ਸਿਆਣਪ ਨਾਲ ਸਜਾਵਟ ਤੇ ਰੂਪ-ਰੇਖਾ ਦਿੱਤੀ ਹੋਈ ਹੈ, ਪਰ ਜਿਵੇਂ ਇਕ ਨਿੱਕੀ ਜਿਹੀ ਬੂੰਦ ਜਾਂ ਹਵਾ ਦਾ ਝੋਲਾ (ਕਾਗ਼ਜ਼ ਦੇ ਕਿਲ੍ਹੇ ਦੀ) ਸੋਭਾ ਗਵਾ ਦੇਂਦਾ ਹੈ, ਤਿਵੇਂ ਇਹ ਜਗਤ ਪਲ ਵਿਚ ਜੰਮਦਾ ਹੈ ਤੇ ਮਰਦਾ ਹੈ।4।

ਜਿਵੇਂ ਕਿਸੇ ਨਦੀ ਦੇ ਕੰਢੇ ਉਤੇ ਕੋਈ ਘਰ ਹੋਵੇ ਜਾਂ ਰੁੱਖ ਹੋਵੇ ਜਦੋਂ ਨਦੀ ਦਾ ਵੇਗ ਉਲਟਦਾ ਹੈ ਤਾਂ ਨਾਹ ਉਹ ਘਰ ਰਹਿ ਜਾਂਦਾ ਹੈ ਨਾਹ ਉਹ ਰੁੱਖ ਰਹਿ ਜਾਂਦਾ ਹੈ, ਜਿਵੇਂ ਜੇ ਕਿਸੇ ਮਨੁੱਖ ਦੇ ਘਰ ਵਿਚ ਸਪਣੀ ਦਾ ਘਰ ਹੋਵੇ ਤਾਂ ਜਦੋਂ ਭੀ ਮੌਕਾ ਮਿਲਦਾ ਹੈ ਸਪਣੀ ਉਸ ਨੂੰ ਡੰਗ ਮਾਰ ਹੀ ਦੇਂਦੀ ਹੈ, ਇਸੇ ਤਰ੍ਹਾਂ ਜਿਸ ਮਨੁੱਖ ਦੇ ਮਨ ਵਿਚ ਪਰਮਾਤਮਾ ਤੋਂ ਬਿਨਾ ਕਿਸੇ ਹੋਰ ਆਸਰੇ ਦੀ ਝਾਕ ਹੈ (ਉਹ ਨਦੀ ਦੇ ਉਲਟੇ ਹੋਏ ਹੜ੍ਹ ਵਾਂਗ ਹੈ, ਉਹ ਘਰ ਵਿਚ ਵੱਸਦੀ ਸਪਣੀ ਵਾਂਗ ਹੈ, ਇਹ ਦੂਜੀ ਝਾਕ ਆਤਮਕ ਮੌਤ ਲਿਆਉਂਦੀ ਹੈ)।5।

ਗੁਰੂ ਤੋਂ ਮਿਲਿਆ ਹੋਇਆ ਗਿਆਨ, ਗੁਰੂ ਦੇ ਬਚਨਾਂ ਦੀ ਰਾਹੀਂ (ਪ੍ਰਭੂ-ਚਰਨਾਂ ਵਿਚ) ਜੁੜੀ ਸੁਰਤਿ, ਮਾਨੋ, ਸੱਪ ਨੂੰ ਕੀਲਣ ਵਾਲਾ ਮੰਤਰ ਹੈ। ਜਿਸ ਦੇ ਪਾਸ ਭੀ ਇਹ ਮੰਤਰ ਹੈ ਉਸ ਨੇ ਗੁਰੂ ਦੀ ਮਤਿ ਦੀ ਬਰਕਤਿ ਨਾਲ ਮਾਇਆ (ਸਪਣੀ ਦਾ ਜ਼ਹਰ) ਸਾੜ ਲਿਆ ਹੈ। (ਵੇਖੋ!) ਪਰਮਾਤਮਾ ਦੀ ਭਗਤੀ (ਇਕ) ਅਨੋਖੀ (ਦਾਤਿ) ਹੈ, ਜਿਸ ਮਨੁੱਖ ਨੇ ਪਰਮਾਤਮਾ ਦਾ ਸਦਾ-ਥਿਰ ਰਹਿਣ ਵਾਲਾ ਨਾਮ (ਹਿਰਦੇ ਵਿਚ) ਵਸਾ ਲਿਆ ਹੈ ਉਸ ਦਾ ਮਨ ਉਸ ਦਾ ਸਰੀਰ (ਭਾਵ, ਇੰਦ੍ਰੇ) ਬਰਫ਼ ਵਰਗਾ ਸੀਤਲ ਹੋ ਜਾਂਦਾ ਹੈ।6।

ਹੇ ਗੋਪਾਲ! ਜਿਤਨੀ ਲੁਕਾਈ ਹੈ ਸਾਰੀ ਹੀ ਤੈਥੋਂ (ਸਭ ਪਦਾਰਥ) ਮੰਗਦੀ ਹੈ, ਤੂੰ ਸਭ ਜੀਵਾਂ ਉਤੇ ਦਇਆ ਕਰਨ ਵਾਲਾ ਹੈਂ। ਹੇ ਪ੍ਰਭੂ! ਮੈਂ ਤੇਰੀ ਸਰਨ ਪਿਆ ਹਾਂ, ਮੇਰੀ ਇੱਜ਼ਤ ਰੱਖ ਲੈ, (ਮਿਹਰ ਕਰ) ਮੈਨੂੰ ਤੇਰਾ ਸਦਾ-ਥਿਰ ਰਹਿਣ ਵਾਲਾ ਨਾਮ ਮਿਲ ਜਾਏ।7।

ਮਾਇਆ ਦੇ ਧੰਧੇ ਵਿਚ ਬੱਝੀ ਹੋਈ ਲੁਕਾਈ (ਆਤਮਕ ਜੀਵਨ ਵਲੋਂ) ਅੰਨ੍ਹੀ ਹੋਈ ਪਈ ਹੈ (ਸਹੀ ਜੀਵਨ-ਜੁਗਤਿ

ਬਾਰੇ ਇਸ ਨੂੰ) ਕੁਝ ਭੀ ਨਹੀਂ ਸੁੱਝਦਾ, (ਤਾਹੀਏਂ) ਨਿਰਦਈ ਕੰਮ ਕਰਦੀ ਜਾ ਰਹੀ ਹੈ। ਜੇ ਜੀਵ ਗੁਰੂ ਨੂੰ ਮਿਲ ਪਏ ਤਾਂ ਇਸ (ਆਤਮਕ ਜੀਵਨ ਬਾਰੇ) ਸਮਝ ਆ ਜਾਂਦੀ ਹੈ, ਇਸ ਦੇ ਮਨ ਵਿਚ ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਦੀ ਜਾਣ-ਪਛਾਣ ਟਿੱਕ ਜਾਂਦੀ ਹੈ।8।

ਹੇ ਨਾਨਕ! ਸਦਾ-ਥਿਰ ਰਹਿਣ ਵਾਲੇ ਪ੍ਰਭੂ ਦੇ ਨਾਮ ਤੋਂ ਬਿਨਾ ਗੁਣ-ਹੀਨ ਮਨੁੱਖਾ ਸਰੀਰ ਕੱਚਾ ਹੀ ਰਹਿੰਦਾ ਹੈ (ਭਾਵ, ਜੀਵ ਨੂੰ ਜਨਮ ਮਰਨ ਮਿਲਦਾ ਰਹਿੰਦਾ ਹੈ), (ਇਸ ਵਾਸਤੇ ਸਹੀ ਜੀਵਨ-ਰਾਹ ਤੇ ਤੁਰਨ ਵਾਸਤੇ) ਮੈਂ ਆਪਣੇ ਗੁਰੂ ਤੋਂ ਸਿੱਖਿਆ ਲੈਂਦਾ ਹਾਂ, ਤੇ ਗੁਰੂ ਪਰਮਾਤਮਾ ਦਾ ਦੀਦਾਰ ਕਰਾ ਦੇਂਦਾ ਹੈ।

ਸਦਾ-ਥਿਰ ਪ੍ਰਭੂ ਦੇ ਨਾਮ ਤੋਂ ਬਿਨਾ ਜਗਤ ਸੁਪਨੇ ਵਾਂਗ ਹੀ ਹੈ (ਭਾਵ, ਜਿਵੇਂ ਸੁਪਨੇ ਵਿਚ ਵੇਖੇ ਹੋਏ ਪਦਾਰਥ ਜਾਗ ਖੁਲ੍ਹਣ ਤੇ ਅਲੋਪ ਹੋ ਜਾਂਦੇ ਹਨ, ਇਸੇ ਤਰ੍ਹਾਂ ਦੁਨੀਆ ਵਿਚ ਇਕੱਠੇ ਕੀਤੇ ਹੋਏ ਸਾਰੇ ਹੀ ਪਦਾਰਥ ਅੰਤ ਵੇਲੇ ਖੁੱਸ ਜਾਂਦੇ ਹਨ। ਇਕ ਪ੍ਰਭੂ-ਨਾਮ ਹੀ ਪੱਲੇ ਰਹਿ ਸਕਦਾ ਹੈ)।9।2।